# ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ।

ਮੀਮੋ ਨੰ: Transfer Cell/2023/437408/੫੫੮ ਮਿਤੀ:14.06.2023

## ਜਨਤਕ ਸੂਚਨਾ

1.0 ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਪੱਤਰ ਨੰ 11/35/2018-1edu6/1508658, ਮਿਤੀ 25.06.2019 ਰਾਹੀਂ ਅਧਿਆਪਕ ਦੀ Teachers Transfer Policy-2019 ਜਾਰੀ ਕੀਤੀ ਗਈ ਸੀ ਅਤੇ ਉਸ ਉਪਰੰਤ ਸਮੇਂ ਸਮੇਂ ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ। ਇਸ ਤੋਂ ਇਲਾਵਾ Punjab ICT Education Society (PICTES) ਅਧੀਨ ਕੰਮ ਕਰ ਰਹੇ ਕੰਪਿਊਟਰ ਫੈਕਲਟੀ ਲਈ ਤਬਾਦਲਾ ਨੀਤੀ ਮੀਮੋ ਨੰ 5/3-1CT- 2019/Trans/303800, ਮਿਤੀ 13.09.2019 ਅਤੇ ਨਾਨ ਟੀਚਿੰਗ ਸਟਾਫ ਲਈ ਤਬਾਦਲਾ ਨੀਤੀ ਮੀਮੋ ਨੰ: 2/14/2020-2edu3/2020487/1 ਮਿਤੀ 27.05.2020 ਜਾਰੀ ਕੀਤੀ ਗਈ ਸੀ। ਜੋ ਸੋਧਾਂ ਅਧਿਆਪਕਾਂ ਦੇ ਤਬਾਦਲਿਆਂ ਲਈ ਜਾਰੀ ਕੀਤੀਆਂ ਗਈਆਂ ਹਨ ਉਹ ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਸਟਾਫ ਤੇ ਬਦਲੀਆਂ ਲਈ ਲਾਗੂ ਹੋਣਗੀਆਂ।

2.0 ਸਿੱਖਿਆ ਵਿਭਾਗ ਵਲੋਂ ਜਨਤਕ ਸੂਚਨਾਂ ਮਿਤੀ 02.06.2023 ਰਾਹੀਂ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਮੁੱਖ ਰੱਖਦੇ ਹੋਏ 3704, 2392,3582 ਮਾਸਟਰ ਕਾਡਰ ਭਰਤੀ ਅਧੀਨ ਭਰਤੀ ਹੋਏ ਅਧਿਆਪਕਾਂ ਅਤੇ 873 ਡੀ.ਪੀ.ਈ ਭਰਤੀ ਅਧੀਨ ਭਰਤੀ ਹੋਈਆਂ 53 ਡੀ.ਪੀ.ਈ ਨੂੰ ਪਰਖ਼ ਕਾਲ ਪੂਰਾ ਹੋਣ ਦੀ ਸ਼ਰਤ ਤੋਂ ਇੱਕ ਵਾਰ ਵਿਸ਼ੇਸ਼ ਛੋਟ (one time measure) ਦਿੰਦੇ ਹੋਏ, ਅਤੇ ਉਹ ਸਾਰੇ ਅਧਿਆਪਕ ਜੋ ਮਿਤੀ 31.05.2023 ਤੱਕ ਬਦਲੀ ਲਈ ਸਾਰੀਆਂ ਸ਼ਰਤਾਂ ਪੂਰੀਆਂ ਕਰਦੇ ਸਨ ਅਤੇ ਪਿਛਲੇ ਗੇੜਾਂ ਵਿੱਚ ਬਦਲੀ ਕਰਵਾਉਣ ਵਿੱਚ ਸਫਲ ਨਹੀਂ ਹੋ ਸਕੇ ਸਨ, ਨੂੰ ਬਦਲੀ ਦੇ ਮੰਤਵ ਲਈ ਡਾਟਾ ਅਪਡੇਟ ਕਰਨ ਲਈ ਮਿਤੀ 04.06.2023 ਤੋਂ 05.06.2023 ਤੱਕ ਦਾ ਸਮਾਂ ਦਿੱਤਾ ਗਿਆ ਸੀ। ਅਧਿਆਪਕਾਂ ਵਲੋਂ ਭਰੇ ਗਏ ਡਾਟਾ ਦੀ ਤਸਦੀਕ ਸਬੰਧਤ ਸਕੂਲ ਮੁੱਖੀ/ਡੀ.ਡੀ.ਓ ਵਲੋਂ ਮਿਤੀ 06.06.2023 ਤੋਂ 07.06.2023 ਤੱਕ ਕੀਤੀ ਗਈ ਸੀ।

3.0 ਉਪਰੋਕਤ ਅਧਿਆਪਕ/ਕੰਪਿਊਟਰ ਫੈਕਲਟੀ/ਨਾਨ ਟੀਚਿੰਗ ਜਿੰਨਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੋਈ ਹੈ ਅਤੇ ਉਹਨਾਂ ਦਾ ਡਾਟਾ ਸਕੂਲ ਮੁੱਖੀ/ਡੀ.ਡੀ.ਓ ਵਲੋਂ ਅਪਰੂਵ ਕੀਤਾ ਹੋਇਆ ਹੈ, ਜੇਕਰ ਉਹ ਜਿਲ੍ਹੇ ਦੇ ਅੰਦਰ (Within District) ਅਤੇ ਜਿਲ੍ਹੇ ਤੋਂ ਬਾਹਰ (Inter

14/06/23

District) ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ ਬਦਲੀ ਲਈ ਮਿਤੀ 15.06.2023 ਸਮਾਂ 05.00 ਵਜੇ (ਬਾ.ਦੁ) ਤੱਕ Station Choice ਦੇ ਸਕਦੇ ਹਨ।

4.0 ਬਦਲੀ ਲਈ ਉਪਲਬਧ ਖਾਲੀ ਅਸਾਮੀਆਂ ਦੀ ਸੂਚੀ ਈ ਪੰਜਾਬ ਪੋਰਟਲ ਤੇ Log in ਕਰਕੇ Transfer Menu ਵਿੱਚ Station Choice ਲਿੰਕ ਤੇ ਦਰਸਾਈ ਜਾਵੇਗੀ। Station Choice ਇਹਨਾਂ ਉਪਲਬਧ ਖਾਲੀ ਸਟੇਸਨਾਂ ਵਿਚੋਂ ਹੀ ਕੀਤੀ ਜਾ ਸਕਦੀ ਹੈ।

5.0 ਜਿਹੜੇ ਅਧਿਆਪਕ/ਕਰਮਚਾਰੀ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਹਨਾਂ ਨੂੰ ਬਦਲੀ ਵਾਲੇ ਸਟੇਸਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ, ਕਿਸੇ ਵੀ ਹਾਲਤ ਵਿੱਚ ਬਦਲੀ ਨਹੀਂ ਕੀਤੀ ਜਾਵੇਗੀ।

6.0 ਜੇਕਰ ਕਿਸੇ ਅਧਿਆਪਕ ਨੂੰ ਬਦਲੀ ਲਈ ਆਨਲਾਈਨ Station Choice ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿੰਨਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portal ਤੇ ਉਪਲਬਧ ਹੈ।

14/06/2023

ਸਹਾਇਕ ਡਾਇਰੈਕਟਰ (ਵਰਕਸ ਤੇ ਪਲਾਨਿੰਗ ਅਤੇ ਬਦਲੀਆਂ)